Tape/CD: 1343

# ਪੰਨਾ ੧੦੩

ਮਾਝ ਮਹਲਾ ੫ ॥ ਤੂੰ ਮੇਰਾ ਪਿਤਾ ਤੂੰਹੈ ਮੇਰਾ ਮਾਤਾ ॥ ਤੂੰ ਮੇਰਾ ਬੰਧਪੁ ਤੂੰ ਮੇਰਾ ਭ੍ਰਾਤਾ ॥ ਤੂੰ ਮੇਰਾ ਰਾਖਾ ਸਭਨੀ ਥਾਈ ਤਾ ਭਉ ਕੇਹਾ ਕਾੜਾ ਜੀਉ ॥ ੧ ॥ ਤੁਮਰੀ ਕ੍ਰਿਪਾ ਤੇ ਤੁਧੁ ਪਛਾਣਾ ॥ ਤੂੰ ਮੇਰੀ ਓਟ ਤੂੰਹੈ ਮੇਰਾ ਮਾਣਾ ॥ ਤੁਝ ਬਿਨੁ ਦੂਜਾ ਅਵਰੁ ਨ ਕੋਈ ਸਭੁ ਤੇਰਾ ਖੇਲੁ ਅਖਾੜਾ ਜੀਉ ॥ ੨ ॥ ਜੀਅ ਜੰਤ ਸਭਿ ਤੁਧੁ ਉਪਾਏ ॥ ਜਿਤੁ ਜਿਤੁ ਭਾਣਾ ਤਿਤੁ ਤਿਤੁ ਲਾਏ ॥ ਸਭ ਕਿਛੁ ਕੀਤਾ ਤੇਰਾ ਹੋਵੈ ਨਾਹੀ ਕਿਛੁ ਅਸਾੜਾ ਜੀਉ ॥ ੩ ॥ ਨਾਮੁ ਧਿਆਇ ਮਹਾ ਸੁਖੁ ਪਾਇਆ ॥ ਹਰਿ ਗੁਣ ਗਾਇ ਮੇਰਾ ਮਨੁ ਸੀਤਲਾਇਆ ॥ ਗੁਰਿ ਪੂਰੈ ਵਜੀ ਵਾਧਾਈ ਨਾਨਕ ਜਿਤਾ ਬਿਖਾੜਾ ਜੀਉ ॥ ੪ ॥ ੨੪ ॥ ੩੧ ॥

Tape/CD: 1343

# ਪੰਨਾ ੨੦੫-੦੬

ਗਉੜੀ ਮਹਲਾ ੫ ॥ ਰਾਖੁ ਪਿਤਾ ਪ੍ਰਭ ਮੇਰੇ ॥ ਮੋਹਿ ਨਿਰਗੁਨੁ ਸਭ ਗੁਨ ਤੇਰੇ ॥ ੧ ॥ ਰਹਾਉ ॥ ਪੰਚ ਬਿਖਾਦੀ ਏਕੁ ਗਰੀਬਾ ਰਾਖਹੁ ਰਾਖਨਹਾਰੇ ॥ ਖੇਦੁ ਕਰਹਿ ਅਰੁ ਬਹੁਤੁ ਸੰਤਾਵਹਿ ਆਇਓ ਸਰਨਿ ਤੁਹਾਰੇ ॥ ੧ ॥ ਕਰਿ ਕਰਿ ਹਾਰਿਓ ਅਨਿਕ ਬਹੁ ਭਾਤੀ ਛੋਡਹਿ ਕਤਹੂੰ ਨਾਹੀ ॥ ਏਕ ਬਾਤ ਸੁਨਿ ਤਾਕੀ ਓਟਾ ਸਾਧਸੰਗਿ ਮਿਟਿ ਜਾਹੀ ॥ ੨ ॥ ਕਰਿ ਕਿਰਪਾ ਸੰਤ ਮਿਲੇ ਮੋਹਿ ਤਿਨ ਤੇ ਧੀਰਜੁ ਪਾਇਆ ॥ ਸੰਤੀ ਮੰਤੁ ਦੀਓ ਮੋਹਿ ਨਿਰਭਉ ਗੁਰ ਕਾ ਸਬਦੁ ਕਮਾਇਆ ॥ ੩ ॥ ਜੀਤਿ ਲਏ ਓਇ ਮਹਾ ਬਿਖਾਦੀ ਸਹਜ ਸੁਹੇਲੀ ਬਾਣੀ ॥ ਕਹੁ ਨਾਨਕ ਮਨਿ ਭਇਆ ਪਰਗਾਸਾ ਪਾਇਆ ਪਦੁ ਨਿਰਬਾਣੀ ॥ ੪ ॥ ੪ ॥ ੧੨੫ ॥

Tape/CD: 1343

## ਪੰਨਾ ੧੨੬੬

ਮਲਾਰ ਮਹਲਾ ੫ ॥ ਖੀਰ ਅਧਾਰਿ ਬਾਰਿਕੁ ਜਬ ਹੋਤਾ ਬਿਨੁ ਖੀਰੈ ਰਹਨੁ ਨ ਜਾਈ ॥ ਸਾਰਿ ਸਮ੍ਹਾਲਿ ਮਾਤਾ ਮੁਖਿ ਨੀਰੈ ਤਬ ਓਹੁ ਤ੍ਰਿਪਤਿ ਅਘਾਈ ॥ ੧ ॥ ਹਮ ਬਾਰਿਕ ਪਿਤਾ ਪ੍ਰਭੁ ਦਾਤਾ ॥ ਭੂਲਹਿ ਬਾਰਿਕ ਅਨਿਕ ਲਖ ਬਰੀਆ ਅਨ ਠਉਰ ਨਾਹੀ ਜਹ ਜਾਤਾ ॥ ੧ ॥ ਰਹਾਉ ॥ ਚੰਚਲ ਮਤਿ ਬਾਰਿਕ ਬਪੁਰੇ ਕੀ ਸਰਪ ਅਗਨਿ ਕਰ ਮੇਲੈ ॥ ਮਾਤਾ ਪਿਤਾ ਕੰਠਿ ਲਾਇ ਰਾਖੈ ਅਨਦ ਸਹਜਿ ਤਬ ਖੇਲੈ ॥ ੨ ॥ ਜਿਸ ਕਾ ਪਿਤਾ ਤੂ ਹੈ ਮੇਰੇ ਸੁਆਮੀ ਤਿਸੁ ਬਾਰਿਕ ਭੂਖ ਕੈਸੀ ॥ ਨਵ ਨਿਧਿ ਨਾਮੁ ਨਿਧਾਨੁ ਗ੍ਰਿਹਿ ਤੇਰੈ ਮਨਿ ਬਾਂਛੈ ਸੋ ਲੈਸੀ ॥ ੩ ॥ ਪਿਤਾ ਕ੍ਰਿਪਾਲਿ ਆਗਿਆ ਇਹ ਦੀਨੀ ਬਾਰਿਕੁ ਮੁਖਿ ਮਾਂਗੈ ਸੋ ਦੇਨਾ ॥ ਨਾਨਕ ਬਾਰਿਕੁ ਦਰਸੁ ਪ੍ਰਭ ਚਾਹੈ ਮੋਹਿ ਹ੍ਰਿਦੈ ਬਸਹਿ ਨਿਤ ਚਰਨਾ ॥ ੪ ॥ ੨ ॥